ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਟਿੱਡੀ ਦਲ ਦੇ ਸੰਭਾਵੀ ਖਤਰੇ ਤੋਂ ਘਬਰਾਉਣ ਦੀ ਬਜਾਇ ਸੁਚੇਤ ਰਹਿਣ ਕਿਸਾਨ: ਡਿਪਟੀ ਕਮਿਸ਼ਨਰ
* ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਉਲੀਕੀ ਗਈ ਰਣਨੀਤੀ
* ਟਿੱਡੀ ਦਲ ਸਬੰਧੀ ਕੰਟਰੋਲ ਰੂਮ ’ਤੇ ਰਾਬਤਾ ਕਰਨ ਕਿਸਾਨ
* ਡਿਪਟੀ ਕਮਿਸ਼ਨਰ ਦੀ ਅਗਵਾਈ ਵਿਚ ਖੇਤੀਬਾੜੀ ਸਣੇ ਵੱਖ ਵੱਖ ਵਿਭਾਗਾਂ ਦੀ ਮੀਟਿੰਗ

ਬਰਨਾਲਾ, 1 ਜੂਨ
ਟਿੱਡੀ ਦਲ ਦੇ ਸੰਭਾਵੀ ਹਮਲੇ ਦੇ ਖਦਸ਼ੇ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਐਕਸ਼ਨ ਪਲਾਨ ਤਿਆਰ ਕੀਤਾ ਗਿਆ ਹੈ, ਜਿਸ ਦੀ ਸਾਰੇ ਵਿਭਾਗ ਪੂਰੀ ਪਾਲਣਾ ਯਕੀਨੀ ਬਣਾਉਣ। ਇਸ ਦੇ ਨਾਲ ਹੀ ਕਿਸਾਨਾਂ ਨੂੰ ਵੀ ਸੁਚੇਤ ਕੀਤਾ ਜਾਵੇ ਕਿ ਉਹ ਟਿੱਡੀ ਦਲ ਦੇ ਹਮਲੇ ਦੇ ਖਦਸ਼ੇ ਦੇ ਮੱਦੇਨਜ਼ਰ ਘਬਰਾਉਣ ਨਹੀਂ, ਬਲਕਿ ਸੁਚੇਤ ਰਹਿਣ।
ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਅੱਜ ਟਿੱਢੀ ਦਲ ਵਿਰੁੱਧ ਰਣਨੀਤੀ ’ਤੇ ਵਿਚਾਰ ਕਰਨ ਲਈ ਖੇਤੀਬਾੜੀ ਸਣੇ ਵੱਖ ਵੱਖ ਵਿਭਾਗਾਂ ਦੀ ਮੀਟਿੰਗ ਦੌਰਾਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਟਿੱਡੀ ਦਲ ਰਾਜਸਥਾਨ ਦੇ ਸੰਘਰੀਆਂ ਮੰਡੀਆਂ ਤੋਂ ਪੰਜਾਬ ਵੱਲ ਵਧਦਾ ਪਾਇਆ ਗਿਆ ਸੀ, ਪਰ ਹਨੇਰੀਆਂ ਦੇ ਰੁਖ ਬਦਲਣ ਕਾਰਨ ਪਿੱਛੇ ਮੁੜਨ ਦੀਆਂ ਰਿਪੋਰਟਾਂ ਹਨ। ਇਸ ਦੇ ਬਾਵਜੂਦ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ ਅਤੇ ਐਕਸ਼ਨ ਪਲਾਨ ਉਲੀਕਿਆ ਗਿਆ ਹੈ। ਇਸ ਤਹਿਤ ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਜਾਗਰੂਕ, ਪੰਚਾਇਤੀ ਵਿਭਾਗ ਪੰਚਾਇਤਾਂ ਨਾਲ ਤਾਲਮੇਲ ਕਰਨ ਤੋਂ ਇਲਾਵਾ ਰੋਜ਼ਾਨਾ ਪੱਧਰ ਦਾ ਸਰਵੇ, ਸਪਰੇਅ ਪੰਪਾਂ ਦੀ ਉਪਲੱਬਧਤਾ, ਫਾਇਰ ਬ੍ਰਿਗੇਡ ਗੱਡੀਆਂ, ਪੁਲੀਸ ਸੁਰੱਖਿਆ ਤੇ ਸਪਰੇਅ ਕਰਨ ਮੌਕੇ ਸਿਹਤ ਵਿਭਾਗਾਂ ਦੀਆਂ ਸੇਵਾਵਾਂ ਜ਼ਰੂਰੀ ਹਨ, ਜਿਸ ਸਬੰਧੀ ਸਾਰੇ ਵਿਭਾਗ ਕਮਰ ਕੱਸ ਲੈਣ।
ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ ਨੇ ਆਖਿਆ ਕਿ ਜੇਕਰ ਜ਼ਿਲ੍ਹੇ ਵਿੱਚ ਕੋਈ ਅਜਿਹੀ ਨੌਬਤ ਆਉਂਦੀ ਵੀ ਹੈ ਤਾਂ ਇਸ ਨਾਲ ਨਿਪਟਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੂਰੀ ਤਰ੍ਹਾਂ ਤਿਆਰ ਹੈ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਟੀਮਾਂ ਦਾ ਗਠਨ ਕਰ ਲਿਆ ਗਿਆ ਹੈ, ਜਿਹੜੀਆਂ ਵੱਖ ਵੱਖ ਪਿੰਡਾਂ ਵਿੱਚ ਕਿਸਾਨਾਂ ਨਾਲ ਰਾਬਤਾ ਬਣਾ ਕੇ ਸੰਭਾਵੀ ਹਮਲੇ ਨੂੰ ਰੋਕਣ ਲਈ ਤਿਆਰ ਹਨ। ਇਸ ਸਮੇਂ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਵਿੱਚ ਕੁੱਲ 553 ਸਪਰੇਅ ਪੰਪ ਹਨ, ਜਿਨ੍ਹਾਂ ਨੂੰ ਪਾਣੀ ਨਾਲ ਭਰ ਕੇ ਤਿਆਰ ਕਰਵਾਇਆ ਜਾ ਰਿਹਾ ਹੈ। ਟਿੱਡੀ ਦਲ ’ਤੇ ਛਿੜਕਾਅ ਕਰਨ ਲਈ ਕਲੋਰੋਪੈਰੀਵਾਸ ਦਵਾਈ ਦਾ ਪ੍ਰਬੰਧ ਕਰ ਲਿਆ ਗਿਆ ਹੈ ਅਤੇ ਫਾਇਰ ਬ੍ਰਿਗੇਡ ਦਾ ਪ੍ਰਬੰਧ ਵੀ ਕਰ ਲਿਆ ਗਿਆ ਹੈ, ਜਿਹੜੀਆਂ ਤਿੰਨਾਂ ਬਲਾਕਾਂ ਵਿੱਚ ਤਾਇਨਾਤ ਹਨ।
ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪੱਧਰ ’ਤੇ ਵੀ ਸੁਚੇਤ ਰਹਿਣ। ਜਿਹੜੇ ਕਿਸਾਨਾਂ ਕੋਲ ਟਰੈਕਟਰ ਵਾਲੇ ਸਪਰੇਅ ਪੰਪ ਹਨ, ਉਨ੍ਹਾਂ ਨੂੰ ਪਾਣੀ ਨਾਲ ਭਰ ਕੇ ਰੱਖਣ ਅਤੇ ਖੇਤ ਵਿੱਚ ਮੋਟਰ ਵਾਲੀਆਂ ਡਿੱਗੀਆਂ ਨੂੰ ਵੀ ਪਾਣੀ ਨਾਲ ਭਰ ਕੇ ਰੱਖਣ। ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕੋਈ ਕਿਸਾਨ ਟਿੱਡੀ ਦਲ ਦੇਖਦਾ ਹੈ ਤਾਂ ਖੇਤੀਬਾੜੀ ਵਿਭਾਗ, ਬਰਨਾਲਾ ਵੱਲੋਂ ਸਥਾਪਿਤ ਕੀਤੇ ਗਏ ਕੰਟਰੋਲ ਰੂਮ ’ਤੇ ਏ ਡੀ ਓ ਅੰਮ੍ਰਿਤਪਾਲ ਸਿੰਘ ਨਾਲ 76965-95100 ਅਤੇ ਏਐਸਆਈ ਦਿਲਦਾਰ ਸਿੰਘ ਨਾਲ 94176-76133 ਨੰਬਰ ’ਤੇ ਸੰਪਰਕ ਕਰੇ।
ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਆਦਿਤਯ ਡੇਚਲਵਾਲ, ਸਹਾਇਕ ਕਮਿਸ਼ਨਰ ਸ੍ਰੀ ਅਸ਼ੋਕ ਕੁਮਾਰ, ਮੁੱਖ ਖੇਤੀਬਾੜੀ ਅਫਸਰ ਡਾ. ਬਲਦੇਵ ਸਿੰਘ, ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਸਣੇ ਹੋਰ ਅਧਿਕਾਰੀ ਹਾਜ਼ਰ ਸਨ।

----ਦਲਿਤ ਲੜਕੇ ਦੀ ਕੁੱਟਮਾਰ ਦਾ ਮਾਮਲਾ -----
* ਐਸਸੀ ਕਮਿਸ਼ਨ ਮੈਂਬਰ ਪੂਨਮ ਕਾਂਗੜਾ ਨੇ ਸੁਣੀ ਪੀੜਤ ਦੀ ਫਰਿਆਦ
* ਐਸਡੀਐਮ ਬਰਨਾਲਾ ਨੂੰ ਮਾਮਲੇ ਦੀ ਜਾਂਚ ਦੇ ਆਦੇਸ਼, 17 ਜੂਨ ਤੱਕ ਰਿਪੋਰਟ ਮੰਗੀ
* ਕਸੂਰਵਾਰਾਂ ਵਿਰੁੱਧ ਹੋਵੇਗੀ ਸਖਤ ਕਾਰਵਾਈ: ਪੂਨਮ ਕਾਂਗੜਾ

ਭਦੌੜ, 1 ਜੂਨ
ਨੇੜਲੇ ਪਿੰਡ ਕੋਠੇ ਭਾਨ ਸਿੰਘ ਦੇ ਦਲਿਤ ਲੜਕੇ ਦੀ ਕਥਿਤ ਤੌਰ ’ਤੇ ਨਾਜਾਇਜ਼ ਕੁੱਟਮਾਰ ਬਾਰੇ ਪੁਲਿਸ ਖ਼ਿਲਾਫ਼ ਮਿਲੀ ਸ਼ਿਕਾਇਤ ਦਾ ਨੋਟਿਸ ਲੈਂਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ੍ਰੀਮਤੀ ਪੂਨਮ ਕਾਂਗੜਾ ਵੱਲੋਂ ਅੱਜ ਪਿੰਡ ਕੋਠੇ ਭਾਨ ਸਿੰਘ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਪੀੜਤ ਪਰਿਵਾਰ ਦੀ ਵਿੱ ਥਿਆ ਸੁਣੀ ਅਤੇ ਪੂਰਾ ਇਨਸਾਫ ਦਿਵਾਉਣ ਦਾ ਭਰੋਸਾ ਦਿੱਤਾ।
ਇਸ ਮੌਕੇ ਪੀੜਤ ਲੜਕੇ ਦੀ ਮਾਤਾ ਜਸਵਿੰਦਰ ਕੌਰ ਨੇ ਸ੍ਰੀਮਤੀ ਪੂਨਮ ਕਾਂਗੜਾ ਨੂੰ ਦੱਸਿਆ ਕਿ ਉਸ ਦੇ ਪੁੱਤ ਗੁਰਪ੍ਰੀਤ ਸਿੰਘ ਦੀ ਉਨ੍ਹਾਂ ਦੇ ਗੁਆਂਢੀ ਵੱਲੋਂ ਐਲਈਡੀ ਚੋਰੀ ਦੀ ਇੱਕ ਕਥਿਤ ਝੂਠੀ ਸ਼ਿਕਾਇਤ ਥਾਣਾ ਭਦੌੜ ਵਿਖੇ ਕੀਤੀ ਗਈ, ਜਿਸ ਮਾਮਲੇ ਵਿਚ ਪੁਲੀਸ ਵੱਲੋਂ ਉਸ ਦੇ 17 ਸਾਲਾ ਪੁੱਤ ਨੂੰ 9 ਮਈ ਨੂੰ ਥਾਣਾ ਭਦੌੜ ਲਿਜਾਇਆ ਗਿਆ। ਜਸਵਿੰਦਰ ਕੌਰ ਦੀ ਸ਼ਿਕਾਇਤ ਅਨੁਸਾਰ ਪੁਲਿਸ ਵੱਲੋਂ ਉਸ ਦੇ ਪੁੱਤ ਨੂੰ ਕਥਿਤ ਤੌਰ ’ਤੇ ਨਾਜਾਇਜ਼ ਹਿਰਾਸਤ ਵਿੱਚ ਰੱਖ ਕੇ ਕੁੱਟਮਾਰ ਕੀਤੀ ਗਈ ਅਤੇ ਉਸ ਤੋਂ ਬਾਅਦ ਉਸ ਨੂੰ ਸੀਆਈਏ ਸਟਾਫ ਵਿਖੇ ਲਿਜਾਇਆ ਗਿਆ, ਜਿੱਥੇ ਉਸ ’ਤੇ ਕਥਿਤ ਤੌਰ ’ਤੇ ਅਣਮਨੁੱਖੀ ਤਸ਼ੱਦਦ ਕੀਤਾ ਗਿਆ।
ਸ਼ਿਕਾਇਤਕਰਤਾ ਨੇ ਆਖਿਆ ਕਿ ਉਸ ਦੇ ਪੁੱਤ ਦੀ ਹਾਲਤ ਜ਼ਿਆਦਾ ਖਰਾਬ ਹੋਣ ਕਰਕੇ 10 ਮਈ ਸ਼ਾਮ ਨੂੰ ਬੇਕਸੂਰ ਕਰਾਰ ਦਿੰਦਿਆਂ ਲੜਕੇ ਨੂੰ ਭੇਜ ਦਿੱਤਾ ਗਿਆ। ਉਨ੍ਹਾਂ ਲੜਕੇ ਨੂੰ ਸਿਵਲ ਹਸਪਤਾਲ ਬਰਨਾਲਾ ਵਿਖੇ ਭਰਤੀ ਕਰਵਾਇਆ ਗਿਆ, ਜਿੱਥੇ ਉਹ ਅੱਠ ਦਿਨ ਦਾਖਲ ਰਿਹਾ। ਮਹਿਲਾ ਨੇ ਕਸੂਰਵਾਰਾਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ।
ਇਸ ਮੌਕੇ ਐਸਸੀ ਕਮਿਸ਼ਨ ਦੇ ਮੈਂਬਰ ਸ੍ਰੀਮਤੀ ਪੂਨਮ ਕਾਂਗੜਾ ਨੇ ਪੀੜਤ ਪਰਿਵਾਰ ਨੂੰ ਇਨਸਾਫ ਦਿਵਾਉਣ ਦਾ ਭਰੋਸਾ ਦਿੱਤਾ ਅਤੇ ਐਸਡੀਐਮ ਬਰਨਾਲਾ ਅਨਮੋਲ ਸਿੰਘ ਧਾਲੀਵਾਲ ਨੂੰ ਮਾਮਲੇ ਦੀ ਜਾਂਚ ਕਰ ਕੇ ਮੁਕੰਮਲ ਰਿਪੋਰਟ 17 ਜੂਨ ਨੂੰ ਐਸਸੀ ਕਮਿਸ਼ਨ ਪੰਜਾਬ ਦੇ ਦਫਤਰ ਵਿਖੇ ਪੇਸ਼ ਕਰਨ ਲਈ ਆਖਿਆ।
ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀਮਤੀ ਪੂਨਮ ਕਾਂਗੜਾ ਨੇ ਕਿਹਾ ਕਿ ਦਲਿਤਾਂ ’ਤੇ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਅਤੇ ਤਸ਼ੱਦਦ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਕਸੂਰਵਾਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।
ਇਸ ਮੌਕੇ ਐਸਡੀਐਮ ਅਨਮੋਲ ਸਿੰਘ ਧਾਲੀਵਾਲ, ਡੀਡੀਪੀਓ ਸ੍ਰੀ ਸੰਜੀਵ ਸ਼ਰਮਾ, ਡੀਐਸਪੀ ਬਰਨਾਲਾ ਪਰਮਿੰਦਰ ਸਿੰਘ, ਡੀਐਸਪੀ ਤਪਾ ਰਵਿੰਦਰ ਸਿੰਘ ਰੰਧਾਵਾ, ਨਾਇਬ ਤਹਿਸੀਲਦਾਰ ਭਦੌੜ ਹਮੀਸ਼ ਕੁਮਾਰ, ਬੀਡੀਪੀਓ ਸ਼ਹਿਣਾ ਯੋਗਰਾਜ ਸਿੰਘ ਸੋਹੀ, ਦਰਸ਼ਨ ਸਿੰਘ ਗੁਰੂ ਕਾਨੂੰਗੋ ਤੋਂ ਇਲਾਵਾ ਪਿੰਡ ਦੇ ਸਰਪੰਚ-ਪੰਚ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਕਰੋਨਾ ਸੰਕਟ ਦੌਰਾਨ ਦਿਨ-ਰਾਤ ਡਟੀ ਹੋਈ ਹੈ ਜ਼ਿਲ੍ਹਾ ਪੁਲੀਸ: ਐਸਐਸਪੀ
* ਬਿਨਾਂ ਮਾਸਕ ਤੋਂ ਘੁੰਮਣ ਵਾਲੇ 1544 ਵਿਅਕਤੀਆਂ ਦੇ ਚਲਾਨ
* ਜਨਤਕ ਥਾਵਾਂ ’ਤੇ ਥੁੱਕਣ ਦੀ ਵੀ ਸਖਤ ਮਨਾਹੀ
ਬਰਨਾਲਾ, 1 ਜੂਨ
ਕਰੋਨਾ ਸੰਕਟ ਦੌਰਾਨ ਜ਼ਿਲ੍ਹਾ ਪੁਲੀਸ ਦਿਨ-ਰਾਤ ਸੇਵਾਵਾਂ ਨਿਭਾਅ ਰਹੀ ਹੈ। ਕਰੋਨਾ ਵਿਰੁੱਧ ਮੁਹਿੰਮ ਤਹਿਤ ਜਨਤਕ ਥਾਵਾਂ ’ਤੇ ਲੋਕਾਂ ਦਾ ਮਾਸਕ ਪਾਉਣਾ, ਜਨਤਕ ਥਾਵਾਂ ’ਤੇ ਨਾ ਥੁੱਕਣਾ ਅਤੇ ਸਮਾਜਿਕ ਵਿੱਥ ਯਕੀਨੀ ਬਣਾਈ ਜਾ ਰਹੀ ਹੈ। ਅਜਿਹਾ ਨਾ ਕਰਨ ਵਾਲਿਆਂ ਖਿਲਾਫ ਨੇਮਾਂ ਅਨੁਸਾਰ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।
ਇਹ ਪ੍ਰਗਟਾਵਾ ਕਰਦੇ ਹੋਏ ਜ਼ਿਲ੍ਹਾ ਪੁਲੀਸ ਮੁਖੀ ਸ੍ਰੀ ਸੰਦੀਪ ਗੋਇਲ ਨੇ ਦੱਸਿਆ ਕਿ ਕਰੋਨਾ ਖਿਲਾਫ ਮੁਹਿੰਮ ਤਹਿਤ ਜ਼ਿਲ੍ਹਾ ਪੁਲੀਸ ਵੱਲੋਂ 21 ਮਈ ਤੋਂ 31 ਮਈ ਤੱਕ ਬਿਨਾਂ ਮਾਸਕ ਤੋਂ ਘੁੰਮਣ ਵਾਲੇ 1544 ਵਿਅਕਤੀਆਂ ਨੂੰ ਜੁਰਮਾਨਾ ਕੀਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਜਿੱਥੇ ਮਾਸਕ ਪਾਉਣਾ ਲਾਜ਼ਮੀ ਕੀਤਾ ਗਿਆ ਹੈ, ਉਥੇ ਜਨਤਕ ਥਾਵਾਂ ’ਤੇ ਥੁੱਕਣ ਦੀ ਵੀ ਮਨਾਹੀ ਹੈ। ਇਸ ਮੁਹਿੰਮ ਤਹਿਤ ਜਨਤਕ ਥਾਵਾਂ ’ਤੇ ਥੁੱਕਣ ’ਤੇ 29 ਵਿਅਕਤੀਆਂ ਦੇ ਚਲਾਨ ਕੀਤੇ ਗਏ ਹਨ। ਮਾਸਕ ਨਾ ਪਾਉਣ ਅਤੇ ਜਨਤਕ ਥਾਵਾਂ ’ਤੇ ਥੁੱਕਣ ਵਾਲਿਆਂ ਨੂੰ ਕੁੱਲ 4,47,000 ਰੁਪਏ ਜੁਰਮਾਨਾ 31 ਮਈ ਤੱਕ ਕੀਤਾ ਜਾ ਚੁੱਕਾ ਹੈ।
ਜ਼ਿਲ੍ਹਾ ਪੁਲੀਸ ਮੁਖੀ ਸ੍ਰੀ ਗੋਇਲ ਨੇ ਆਖਿਆ ਕਿ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਮਾਸਕ ਨਾ ਪਾਉਣ ਅਤੇ ਜਨਤਕ ਥਾਵਾਂ ’ਤੇ ਥੁੱਕਣ ਵਾਲਿਆਂ ਖਿਲਾਫ ਐਪੀਡੈਮਿਕ ਡੀਸਿਜ਼ ਐਕਟ 1897 ਤਹਿਤ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ ਤਾਂ ਜੋ ਇਸ ਬਿਮਾਰੀ ਤੋਂ ਬਚਾਅ ਰੱਖਣ ਸਬੰਧੀ ਸਾਵਧਾਨੀਆਂ ਦੀ ਲੋਕ ਪੂਰੀ ਪਾਲਣਾ ਕਰਨ।
ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਗ਼ਰੀਬ ਕਲਿਆਣ ਯੋਜਨਾ ਤਹਿਤ ਰਾਸ਼ਨ ਵੰਡ ਦਾ ਸਿਲਸਿਲਾ ਜਾਰੀ
* ਜ਼ਿਲ੍ਹੇ ਵਿਚ 61 ਹਜ਼ਾਰ 900 ਕਾਰਡਾਂ ’ਤੇ ਵੰਡਿਆ ਜਾ ਚੁੱਕਿਐ ਰਾਸ਼ਨ
ਬਰਨਾਲਾ, 1 ਜੂਨ
ਕਰੋਨਾ ਸੰਕਟ ਦੌਰਾਨ ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ ਤਹਿਤ ਗਰੀਬ ਪਰਿਵਾਰਾਂ ਤੱਕ ਰਾਸ਼ਨ ਪਹੁੰਚਾਉਣ ਦਾ ਸਿਲਸਿਲਾ ਜਾਰੀ ਹੈ।
ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਗ਼ਰੀਬ ਪਰਿਵਾਰਾਂ ਨੂੰ 15 ਕਿਲੋ ਪ੍ਰਤੀ ਮੈਂਬਰ ਕਣਕ ਅਤੇ ਪ੍ਰਤੀ ਪਰਿਵਾਰ ਤਿੰਨ ਕਿੱਲੋ ਦਾਲ ਤਿੰਨ ਮਹੀਨਿਆਂ ਲਈ ਮੁਫ਼ਤ ਵੰਡੀ ਜਾ ਰਹੀ ਹੈ। ਇਸ ਤਹਿਤ ਜ਼ਿਲ੍ਹਾ ਬਰਨਾਲਾ ਵਿਚ ਕੁੱਲ 64 ਹਜ਼ਾਰ 533 ਕਾਰਡ ਧਾਰਕ ਹਨ, ਜਿਨ੍ਹਾਂ ਵਿਚੋਂ 61 ਹਜ਼ਾਰ 900 ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਦਿੱਤਾ ਜਾ ਚੁੱਕਿਆ ਹੈ ਅਤੇ ਬਾਕੀ ਰਹਿੰਦੇ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾਉਣ ਦਾ ਸਿਲਸਿਲਾ ਜਾਰੀ ਹੈ।
ਡੀਐਫਐਸਸੀ ਅਤਿੰਦਰ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਵੀ ਰਾਸ਼ਨ ਕਿੱਟਾਂ (10 ਕਿੱਲੋ ਆਟਾ, 2 ਕਿੱਲੋ ਚੀਨੀ ਅਤੇ 2 ਕਿੱਲੋ ਦਾਲ) ਗ਼ਰੀਬ ਪਰਿਵਾਰਾਂ ਨੂੰ ਵੰਡੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਰਾਸ਼ਨ ਵੰਡ ਦੌਰਾਨ ਕਰੋਨਾ ਵਾਇਰਸ ਤੋਂ ਬਚਾਅ ਲਈ ਲੋੜੀਂਦੀਆਂ ਸਾਵਧਾਨੀਆਂ ਜਿਵੇਂ ਮੂੰਹ ਢਕ ਕੇ ਰੱਖਣ, ਹੱਥ ਸੈਨੇਟਾਈਜ਼ ਕਰਨ ਅਤੇ ਸਮਾਜਿਕ ਦੂਰੀ ਯਕੀਨੀ ਬਣਾਈ ਜਾ ਰਹੀ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਨਹਿਰਾਂ/ਸੂਇਆਂ ’ਚ ਨਹਾਉਣ ਜਾਂ ਤੈਰਨ ’ਤੇ ਪਾਬੰਦੀ

ਬਰਨਾਲਾ, 1 ਜੂਨ
ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਆਈਏਐਸ ਵੱਲੋਂ ਫੌਜ਼ਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਵੱਖ ਵੱਖ ਸਥਾਨਾਂ ਤੋਂ ਲੰਘਦੀਆਂ ਵੱਡੀਆਂ ਛੋਟੀਆਂ ਨਦੀਆਂ/ਨਹਿਰਾਂ/ਸੂਏ ਆਦਿ ਵਿਚ ਕਿਸੇ ਵੀ ਸਥਾਨ ’ਤੇ ਆਮ ਜਨਤਾ ਦੇ ਨਹਾਉਣ ਅਤੇ ਤੈਰਨ ’ਤੇ ਪੂਰਨ ਪਾਬੰਦੀ ਲਾਈ ਗਈ ਹੈ। ਕਿਸੇ ਜ਼ਰੂਰਤ ਸਮੇਂ ਪ੍ਰਸ਼ਾਸਨ ਦੀ ਮਦਦ ਕਰਨ ਵਾਲੇ ਗੋਤਾਖੋਰਾਂ ’ਤੇ ਇਹ ਹੁਕਮ ਲਾਗੂ ਨਹੀਂ ਹੋਵੇਗਾ।
ਉਨ੍ਹਾਂ ਆਪਣੇ ਹੁਕਮਾਂ ਵਿਚ ਆਖਿਆ ਕਿ ਗਰਮੀ ਤੋਂ ਬਚਣ ਲਈ ਕਈ ਵਾਰ ਵਿਦਿਆਰਥੀ/ਨੌਜਵਾਨ/ਬੱਚੇ ਨਹਿਰਾਂ ’ਤੇ ਨਹਾਉਣ ਲਈ ਚਲੇ ਜਾਂਦੇ ਹਨ ਅਤੇ ਨਹਿਰ ਦੇ ਤੇਜ਼ ਪਾਣੀ ਦੇ ਵਹਾਅ ਕਾਰਨ ਰੁੜਨ/ਡੁੱਬਣ ਜਿਹੇ ਹਾਦਸੇ ਵਾਪਰ ਜਾਂਦੇ ਹਨ। ਇਸ ਲਈ ਉਪਰੋਕਤ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ, ਜੋ 29 ਜੁਲਾਈ 2020 ਤੱਕ ਲਾਗੂ ਰਹਿਣਗੇ।